# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-06-2024**

- ਨੀਟ ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਵਿਰੋਧੀ ਧਿਰ ਦੇ ਵਿਰੋਧ ਕਾਰਨ ਲੋਕ ਸਭਾ ਅੱਜ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਜਦਕਿ ਰਾਜ ਸਭਾ ਨੂੰ ਤਿੰਨ ਵਾਰ ਮੁਲਤਵੀ ਕਰਨਾ ਪਿਆ।
- ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ NEET ਉਮੀਦਵਾਰਾਂ ਨੂੰ ਭਰੋਸਾ ਦਿੱਤਾ ਏ ਕਿ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।
- ਫਾਜ਼ਿਲਕਾ ਪੁਲਿਸ ਨੇ ਝਾਰਖੰਡ ਤੋਂ ਚੱਲ ਰਹੇ ਅੰਤਰ-ਰਾਜੀ ਅਫੀਮ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਦੋ ਵੱਡੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਦਹਾਕੇ ਦੀ ਸਭ ਤੋਂ ਵੱਡੀ ਅਫ਼ੀਮ ਬਰਾਮਦਗੀ ਕੀਤੀ ਏ।

- ਮਰਦਾਂ ਦੇ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਕੱਲ੍ਹ ਬਾਰਬਾ-ਡੋਸ ਵਿੱਚ ਦੱਖਣੀ ਅਫਰੀਕਾ ਨਾਲ।

---------------------------------------------------------

ਨੀਟ ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ, ਵਿਰੋਧੀ ਧਿਰ ਦੇ ਵਿਰੋਧ ਕਾਰਨ, ਲੋਕ ਸਭਾ ਅੱਜ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ, ਜਦਕਿ ਰਾਜ ਸਭਾ ਨੂੰ ਤਿੰਨ ਵਾਰ ਮੁਲਤਵੀ ਕਰਨਾ ਪਿਆ। ਦੁਪਹਿਰ 12 ਵਜੇ ਪਹਿਲੇ ਮੁਲਤਵੀ ਤੋਂ ਬਾਅਦ, ਜਦੋਂ ਲੋਕ ਸਭਾ ਇਕੱਠੀ ਹੋਈ ਤਾਂ ਕਾਂਗਰਸੀ ਮੈਂਬਰਾਂ ਨੇ ਇਸ ਮੁੱਦੇ ਨੂੰ ਲੈ ਕੇ, ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰਦਿਆਂ, ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਕਾਂਗਰਸ, DMK, TMC, ਸਮਾਜਵਾਦੀ ਪਾਰਟੀ ਅਤੇ ਹੋਰਾਂ ਦੇ ਮੈਂਬਰ ਸਦਨ ਦੇ ਵਿਚਕਾਰ ਆ ਗਏ। ਸਪੀਕਰ ਓਮ ਬਿਰਲਾ ਨੇ ਕਿਹਾ ਕਿ ਇਸ ਮੁੱਦੇ ਦੀ ਜਾਂਚ ਲਈ ਇੱਕ ਕਮੇਟੀ ਬਣਾਈ ਗਈ ਏ ਅਤੇ ਸਦਨ ਨੂੰ ਪਹਿਲਾਂ ਤੋਂ ਯੋਜਨਾਬੱਧ ਤਰੀਕੇ ਨਾਲ ਚੱਲਣ ਦੇਣਾ ਸੰਸਦੀ ਲੋਕਤੰਤਰ ਲਈ ਠੀਕ ਨਹੀਂ ਏ। ਉਨ੍ਹਾਂ ਕਿਹਾ ਕਿ ਮੈਂਬਰ, ਰਾਸ਼ਟਰਪਤੀ

ਦੇ ਭਾਸ਼ਣ 'ਤੇ ਧੰਨਵਾਦ ਦੇ ਮਤੇ 'ਤੇ ਚਰਚਾ ਦੌਰਾਨ ਮੁੱਦਾ ਉਠਾ ਸਕਦੇ ਨੇ । ਵਿਰੋਧੀ ਧਿਰ ਦੀ NEET ਮੁੱਦੇ 'ਤੇ ਚਰਚਾ ਦੀ ਮੰਗ ਰੱਦ ਕਰਦੇ ਹੋਏ, ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਵਿਚ, ਰਾਸ਼ਟਰਪਤੀ ਦੇ ਭਾਸ਼ਣ 'ਤੇ ਧੰਨਵਾਦ ਦੇ ਮਤੇ 'ਤੇ ਚਰਚਾ ਹੋਣ ਸਮੇਂ ਦੌਰਾਨ ਕਿਸੇ ਵੀ ਚਰਚਾ ਦੀ ਇਜਾਜ਼ਤ ਦੇਣ ਦੀ ਰਵਾਇਤਾਂ ਨਹੀਂ ਰਹੀ ਏ । ਉਨ੍ਹਾਂ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ 'ਤੇ ਸਦਨ ਦੀ ਮਰਿਆਦਾ ਨੂੰ ਢਾਹ ਲਾਉਣ ਦਾ ਦੋਸ਼ ਲਾਇਆ ।

---------------------------------------------------------------

ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ NEET ਉਮੀਦਵਾਰਾਂ ਨੂੰ ਭਰੋਸਾ ਦਿੱਤਾ ਏ, ਕਿ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ । ਨਵੀਂ ਦਿੱਲੀ ਵਿਚ ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਸਰਕਾਰ ਇਸ ਮੁੱਦੇ 'ਤੇ ਸੰਵੇਦਨਸ਼ੀਲ ਏ । ਸ਼੍ਰੀ ਪ੍ਰਧਾਨ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਭਰੋਸਾ ਦਿੱਤਾ ਕਿ ਹਰ ਜਰੂਰੀ ਕਾਰਵਾਈ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ ਸਰਕਾਰ ਸਦਨ

ਵਿੱਚ ਕਿਸੇ ਵੀ ਮੁੱਦੇ ’ਤੇ ਚਰਚਾ ਕਰਨ ਲਈ ਤਿਆਰ ਏ । ਏਧਰ ਰਾਸ਼ਟਰੀ ਪ੍ਰੀਖਿਆ ਏਜੰਸੀ- NTA ਵਿੱਚ ਸੁਧਾਰਾਂ ਦੀ ਸਿਫ਼ਾਰਸ਼ ਕਰਨ ਲਈ ਸਿੱਖਿਆ ਮੰਤਰਾਲੇ ਵਲੋਂ ਗਠਿਤ ਮਾਹਿਰਾਂ ਦੀ ਉੱਚ ਪੱਧਰੀ ਕਮੇਟੀ ਨੇ ਸੁਧਾਰਾਂ ਅਤੇ ਪੁਨਰਗਠਨ ਬਾਰੇ ਵਿਦਿਆਰਥੀਆਂ ਤੇ ਮਾਪਿਆਂ ਤੋਂ ਸੁਝਾਅ ਮੰਗੇ ਨੇ । ਇਸ ਕਮੇਟੀ ਦੀ ਅਗਵਾਈ ਇਸਰੋ ਦੇ ਸਾਬਕਾ ਚੇਅਰਮੈਨ ਡਾਕਟਰ ਕੇ ਰਾਧਾਕ੍ਰਿਸ਼ਨਨ ਕਰ ਰਹੇ ਨੇ । ਕਮੇਟੀ 7 ਜੁਲਾਈ ਤੱਕ mygov ਵੈੱਬਸਾਈਟ ਰਾਹੀਂ ਸੁਝਾਵਾਂ ਅਤੇ ਜਵਾਬਾਂ ਨੂੰ ਸਵੀਕਾਰ ਕਰੇਗੀ। ਕਮੇਟੀ ਨੂੰ ਦੋ ਮਹੀਨਿਆਂ ਵਿਚ ਆਪਣੀ ਰਿਪੋਰਟ ਸਿੱਖਿਆ ਮੰਤਰਾਲੇ ਨੂੰ ਸੌਂਪਣ ਲਈ ਕਿਹਾ ਗਿਆ ਏ, ਜੋ ਪ੍ਰੀਖਿਆ ਪ੍ਰਕਿਰਿਆ ਅਤੇ ਡੇਟਾ ਸੁਰੱਖਿਆ ਪ੍ਰਣਾਲੀ ਵਿੱਚ ਸੁਧਾਰ ਕਰਨ ਅਤੇ ਰਾਸ਼ਟਰੀ ਪ੍ਰੀਖਿਆ ਏਜੰਸੀ ਦੇ ਢਾਂਚੇ ਅਤੇ ਕੰਮਕਾਜ ਬਾਰੇ ਸਿਫਾਰਸ਼ਾਂ ਕਰੇਗੀ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ, 30 ਜੂਨ ਐਤਵਾਰ ਸਵੇਰੇ 11 ਵਜੇ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ 'ਚ, ਦੇਸ਼-

ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਇਹ ਇਸ ਰੇਡੀਓ ਪ੍ਰੋਗਰਾਮ ਦਾ 111ਵਾਂ ਐਪੀਸੋਡ ਹੋਵੇਗਾ । ਸ੍ਰੀ ਮੋਦੀ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਬਾਅਦ, ਮਨ ਕੀ ਬਾਤ ਦਾ ਇਹ ਪਹਿਲਾ ਪ੍ਰੋਗਰਾਮ ਹੋਵੇਗਾ । ਇਹ ਦੂਰਦਰਸ਼ਨ ਤੇ ਆਕਾਸ਼ਵਾਣੀ ਦੇ ਪੂਰੇ ਨੈਟਵਰਕ, Newsonair ਵੈਬਸਾਈਟ ਅਤੇ AIR ਮੋਬਾਈਲ ਐਪ ਤੇ ਵੀ ਪ੍ਰਸਾਰਿਤ ਕੀਤਾ ਜਾਵੇਗਾ।

---------------------------------------------------------------------

ਕੌਮੀ ਸ਼ਾਹਰਾਹ ਅਥਾਰਟੀ ਨੇ ਅੱਜ ਇਹ ਪੁਸ਼ਟੀ ਕੀਤੀ ਏ ਕਿ ਦੱਖਣੀ ਬਾਈਪਾਸ ਅਤੇ ਲੁਧਿਆਣਾ ਬਠਿੰਡਾ ਪ੍ਰੋਜੈਕਟਾਂ ਨੂੰ ਰੱਦ ਨਹੀਂ ਕੀਤਾ ਗਿਆ ਏ । ਕੌਮੀ ਸ਼ਾਹਰਾਹ ਅਥਾਰਟੀ ਵੱਲੋਂ ਭਾਰਤਮਾਲਾ ਪਰਿਯੋਜਨਾ ਅਧੀਨ ਜ਼ਿਲ੍ਹਾ ਲੁਧਿਆਣਾ ਵਿੱਚ ਕੁੱਲ 200 ਕਿਲੋਮੀਟਰ ਦੀ ਲੰਬਾਈ ਵਾਲੇ ਐਕਸਪ੍ਰੈਸ ਵੇਅ ਬਣਾਉਣ ਦਾ ਕੰਮ ਚੱਲ ਰਿਹਾ ਸੀ, ਜਿਹੜਾ ਪੂਰਾ ਹੋਣ 'ਤੇ ਲੁਧਿਆਣਾ ਦੇ ਸ਼ਹਿਰੀ ਖੇਤਰ ਦੇ ਆਲੇ-ਦੁਆਲੇ ਇੱਕ ਕਿਸਮ ਦੀ ਰਿੰਗ ਰੋਡ ਮੁਹੱਈਆ ਕਰਵਾਏਗੀ ਜਿਸ ਨਾਲ ਆਵਾਜਾਈ ਦੀ ਭੀੜ ਦੇ ਮੁੱਦਿਆਂ ਨੂੰ ਵੱਡੇ ਪੱਧਰ 'ਤੇ ਹੱਲ ਕੀਤਾ ਜਾਵੇਗਾ । ਜ਼ਿਲ੍ਹੇ ਵਿੱਚ ਇਸ

ਸਮੇਂ ਚੱਲ ਰਹੇ ਪ੍ਰੋਜੈਕਟਾਂ ਵਿੱਚ ਦਿੱਲੀ ਕਟੜਾ ਐਕਸਪ੍ਰੈਸ ਵੇਅ ਪੈਕੇਜ 8 ਤੇ 9, ਲੁਧਿਆਣਾ ਰੂਪਨਗਰ ਪੈਕੇਜ 1, ਲੁਧਿਆਣਾ ਰੂਪਨਗਰ ਪੈਕੇਜ 2, ਲੁਧਿਆਣਾ ਦੱਖਣੀ ਬਾਈਪਾਸ ਤੇ ਲੁਧਿਆਣਾ ਬਠਿੰਡਾ ਪੈਕੇਜ 2 ਨੇ ਅਤੇ ਸ਼ਾਹਰਾਹ ਅਥਾਰਟੀ ਇਹਨਾਂ ਦੇ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ। ਸਾਰੇ ਯਾਤਰੀਆਂ ਲਈ ਸੁਰੱਖਿਅਤ ਅਤੇ ਵਧੇਰੇ ਆਰਾਮਦਾਇਕ ਸਫ਼ਰ ਯਕੀਨੀ ਬਣਾਉਣ ਲਈ ਸਭ ਤੋਂ ਮਹੱਤਵਪੂਰਨ ਐਕਸਪ੍ਰੈਸ ਵੇਅ ਹੋਣਗੇ।

---------------------------------------------------------------

ਦੇਸ਼ ਵਿਚ ਅੰਗਰੇਜ਼ੀ ਰਾਜ ਸਮੇ ਬਣੇ ਤਿੰਨ ਕਾਨੂੰਨਾਂ ਦੀ ਥਾਂ ਪਹਿਲੀ ਜੁਲਾਈ ਤੋਂ ਨਵੇਂ ਕਾਨੂੰਨ ਭਾਰਤੀ ਨਿਆਏ ਸੰਹਿਤਾ, ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਅਤੇ ਭਾਰਤੀ ਸਾਕਸ਼ਯ ਐਕਟ ਲਾਗੂ ਹੋ ਜਾਣਗੇ। ਇਹ ਨਵੇਂ ਕ਼ਾਨੂਨ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ ਨੇ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਨਵੇਂ ਅਪਰਾਧਿਕ ਕ਼ਾਨੂਨ ਨਾਲ ਔਰਤਾਂ ਦਾ ਸਸ਼ਕਤੀਕਰਨ ਹੋਵੇਗਾ। ਬਲਾਤਕਾਰ ਪੀੜਤ ਲਈ ਈ-ਸਟੇਟਮੈਂਟ ਤੇ ਈ-ਐਫ ਆਈ ਆਰ ਦੀ ਸਹੂਲਤ***

ਇਸ ਵਿਚ ਮਿਲੇਗੀ। ਬਲਾਤਕਾਰ ਤੇ ਜਿਨਸੀ ਸ਼ੋਸ਼ਣ ਦੇ ਪੀੜਤਾਂ ਨੂੰ ਛੇਤੀ ਹੀ ਨਿਆਂ ਮਿਲੇਗਾ। ਨਵੇਂ ਕਾਨੂੰਨ ਦੀ ਸਖ਼ਤ ਵਿਵਸਥਾ ਏ ਨਾਗਰਿਕ ਸੁਰੱਖਿਆ ਤੇ ਔਰਤਾਂ ਦਾ ਸਨਮਾਨ। ਇਸ ਦੇ ਨਾਲ ਹੀ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਪੀੜਤ ਕੇਂਦਰਿਤ ਕਾਨੂੰਨ ਬਣਇਆ ਗਿਆ ਏ। ਇਸ ਤਹਿਤ ਹੁਣ ਪੀੜਤ ਨੂੰ ਆਪਣੇ ਮਾਮਲੇ ਨਾਲ ਸਬੰਧਤ ਜਾਣਕਾਰੀ ਲਈ ਥਾਣਿਆਂ ਦੇ ਚੱਕਰ ਨਹੀਂ ਲਗਾਉਣੇ ਪੈਣਗੇ ਜਦਕਿ ਹੁਣ ਪੁਲਿਸ ਦੀ ਜ਼ਿੰਮੇਵਾਰੀ ਹੋਵੇਗੀ ਕਿ ਉਹ ਪੀੜਤ ਨੂੰ ਜਾਂਚ ਦੀ ਪ੍ਰਗਤੀ ਬਾਰੇ ਜਾਣਕਾਰੀ ਦੇਵੇ। ਨਵੇਂ ਕਾਨੂੰਨ ਤਹਿਤ 90 ਦਿਨਾਂ ਦੇ ਅੰਦਰ ਜਾਂਚ ਦੀ ਪ੍ਰਗਤੀ ਰਿਪੋਰਟ ਪ੍ਰਾਪਤ ਕਰਨਾ ਹੁਣ ਪੀੜਤ ਦਾ ਅਧਿਕਾਰ ਬਣਇਆ ਗਿਆ ਏ ਅਤੇ ਨਵੇਂ ਕਾਨੂੰਨਾਂ ਦੇ ਤਿੰਨ ਅਧਾਰ ਨੇ ਨਿਆਂ, ਨਿਰਪੱਖਤਾ ਤੇ ਬਰਾਬਰੀ ਵਾਲਾ ਵਿਵਹਾਰ। ਇਨਾਂ ਤਿੰਨ ਕਾਨੂੰਨਾਂ ਵਿਚ ਸਾਰਿਆਂ ਲਈ ਬਰਾਬਰਤਾ ਦਰਸਾਉਂਦੇ ਹੋਏ ਨਾਗਰਿਕਾਂ ਦੇ ਅਧਿਕਾਰਾਂ ਨੂੰ ਮਹੱਤਵ ਦਿੱਤਾ ਗਿਆ ਜਿਸ ਨਾਲ ਇਹ ਨਵੇਂ ਅਪਰਾਧਿਕ ਕਾਨੂੰਨ ਨਾਗਰਿਕ ਕੇਂਦਰਿਤ ਬਣਾਏ ਗਏ ਨੇ। ਨਵੇਂ ਕਾਨੂੰਨ ਤਹਿਤ ਪੀੜਤ ਦੀ ਗੱਲ ਸੁਣਨ ਤੋਂ ਬਾਅਦ ਹੀ ਅਦਾਲਤ

***ਫੈਸਲਾ ਲਵੇਗੀ ਅਤੇ ਨਵੇਂ ਕਾਨੂੰਨ ਤਹਿਤ ਮੁਕਦਮਾ ਵਾਪਸੀ ਮਾਮਲੇ ਵਿਚ ਪੀੜਤ ਦੀ ਸੁਣਵਾਈ ਹੁਣ ਪੀੜਿਤ ਦਾ ਹੱਕ ਏ । ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਇਸ ਦੌਰਾਨ ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਕਾਨੂੰਨ, ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਮੁਕਤਸਰ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ, ਲੋਕ ਹਿੱਤ ਵਿਚ ਦੱਸਦੇ ਨੇ।

---------------------------------------------------

ਪੰਜਾਬ ਦੇ ਲੋਕਾਂ ਨੂੰ ਸਿੱਧੀ ਵਿੱਤੀ ਰਾਹਤ ਦੇਣ ਦੇ ਮਕਸਦ ਨਾਲ ਸਰਕਾਰ ਨੇ, ਸੂਬੇ ਭਰ ਅੰਦਰ 16 ਟੋਲ ਪਲਾਜ਼ੇ ਬੰਦ ਕਰ ਦਿੱਤੇ ਨੇ। ਇਸ ਨਾਲ ਯਾਤਰੀਆਂ ਨੂੰ ਰੋਜ਼ਾਨਾ 58 ਲੱਖ 77 ਹਜ਼ਾਰ ਰੁਪਏ ਦੀ ਬਚਤ ਹੋ ਰਹੀ ਏ। ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਅੱਜ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਜਾਣਕਾਰੀ ਦੇਂਦਿਆਂ ਕਿਹਾ ਕਿ ਟੋਲ ਪਲਾਜ਼ਿਆਂ ਨੂੰ ਹਟਾਉਣਾ, ਪੰਜਾਬ ਦੇ ਲੋਕਾਂ ਨੂੰ ਆਰਥਿਕ

ਰਾਹਤ ਪਹੁੰਚਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ। ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ ਨਾਗਰਿਕਾਂ 'ਤੇ ਵਿੱਤੀ ਬੋਝ ਘੱਟਿਆ ਏ ਬਲਕਿ ਇਨਾਂ ਸੜਕਾਂ 'ਤੇ ਨਿਰਵਿਘਨ ਅਤੇ ਰੁਕਾਵਟ ਰਹਿਤ ਆਵਾਜਾਈ ਨੂੰ ਯਕੀਨੀ ਬਣਾਇਆ ਗਿਆ ਏ। ਉਨਾਂ ਕਿਹਾ ਕਿ ਕਰੀਬ ਦੋ ਸਾਲ ਪਹਿਲਾਂ ਸੱਤਾ ਵਿੱਚ ਆਉਣ ਤੋਂ ਲੈ ਕੇ ਹੁਣ ਤੱਕ ਸਰਕਾਰ ਨੇ ਕੁੱਲ 535.45 ਕਿਲੋ-ਮੀਟਰ ਰਾਜ ਮਾਰਗਾਂ ਤੋਂ ਟੋਲ ਸਮਾਪਤ ਕਰ ਦਿੱਤੇ ਨੇ।

---------------------------------------------------

ਫਾਜ਼ਿਲਕਾ ਪੁਲਿਸ ਨੇ ਝਾਰਖੰਡ ਤੋਂ ਚੱਲ ਰਹੇ ਅੰਤਰ-ਰਾਜੀ ਅਫੀਮ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ, ਦੋ ਵੱਡੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ, ਦਹਾਕੇ ਦੀ ਸਭ ਤੋਂ ਵੱਡੀ ਅਫ਼ੀਮ ਬਰਾਮਦਗੀ ਕੀਤੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮਾਂ ਪਾਸੋਂ 66 ਕਿਲੋ ਅਫੀਮ ਬਰਾਮਦ ਕੀਤੀ ਗਈ ਏ, ਜਿਸ ਨੂੰ ਉਨ੍ਹਾਂ ਨੇ ਆਪਣੀ ਕਾਰ ਦੇ ਹੇਠਾਂ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਖਾਨਿਆਂ ਵਿੱਚ ਲੁਕਾ ਕੇ ਰੱਖਿਆ ਹੋਇਆ ਸੀ। ਫੜੇ ਗਏ ਵਿਅਕਤੀਆਂ ਦੀ

ਪਛਾਣ, ਪਿੰਡ ਦਲਮੀਰ ਖੇੜਾ ਵਾਸੀ ਸੁਖਯਾਦ ਸਿੰਘ ਉਰਫ ਯਾਦ ਅਤੇ ਪਿੰਡ ਭੰਮਾ ਸਿੰਘ ਵਾਲਾ ਜ਼ਿਲਾ ਫਿਰੋਜ਼ਪੁਰ ਵਾਸੀ ਜਗਰਾਜ ਸਿੰਘ ਵਜੋਂ ਹੋਈ ਏ । ਪੁਲਿਸ ਟੀਮਾਂ ਨੇ ਮੁਲਜ਼ਮਾਂ ਕੋਲੋਂ ਵੱਡੀ ਮਾਤਰਾ ਵਿੱਚ ਅਫੀਮ ਬਰਾਮਦ ਕਰਨ ਤੋਂ ਇਲਾਵਾ 40,000 ਰੁਪਏ ਦੀ ਡਰੱਗ ਮਨੀ, 400 ਗ੍ਰਾਮ ਸੋਨਾ, ਕਾਰ ਅਤੇ ਇੱਕ ਟਰੈਕਟਰ ਵੀ ਜ਼ਬਤ ਕੀਤਾ ਏ । DGP ਗੌਰਵ ਯਾਦਵ ਨੇ ਦੱਸਿਆ ਕਿ ਇਸ ਮਾਮਲੇ ਦੀ ਹੋਰ ਵਿੱਤੀ ਜਾਂਚ ਅਤੇ ਪੈਰਵੀ ਦੇ ਨਤੀਜੇ ਵਜੋਂ 42 ਬੈਂਕ ਖਾਤਿਆਂ ਦਾ ਪਤਾ ਲਗਾਇਆ ਗਿਆ ਏ ਜਿਹੜੇ ਸੰਗਠਿਤ ਅਫੀਮ ਗਿਰੋਹ ਵਲੋਂ ਵਿੱਤੀ ਲੈਣ - ਦੇਣ ਲਈ ਵਰਤੇ ਜਾ ਰਹੇ ਸਨ । ਪੁਲਿਸ ਨੇ 24 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਸਾਰੇ 42 ਬੈਂਕ ਖਾਤਿਆਂ ਨੂੰ ਫ੍ਰੀਜ਼ ਕਰ ਦਿੱਤਾ ਏ, ਜਿਨ੍ਹਾਂ ਵਿੱਚ ਇਕ ਕਰੋੜ 86 ਲੱਖ ਰੁਪਏ ਦੀ ਡਰੱਗ ਮਨੀ ਜਮ੍ਹਾਂ ਸੀ ।

---------------------------------------------------------------

ਮਰਦਾਂ ਦੇ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਕੱਲ੍ਹ 29 ਜੂਨ ਨੂੰ ਬਾਰ-ਬਾਡੋਸ ਵਿੱਚ ਦੱਖਣੀ ਅਫਰੀਕਾ ਨਾਲ ਹੋਵੇਗਾ । ਟੂਰਨਾਮੈਂਟ ਦੇ ਫਾਈਨਲ ਵਿੱਚ ਭਾਰਤ

ਤੀਜੀ ਵਾਰ ਪੁੱਜਿਆ ਏ । ਬੀਤੀ ਰਾਤ ਗੁਆਨਾ ਵਿੱਚ ਹੋਏ ਸੈਮੀ-ਫਾਈਨਲ ਵਿੱਚ ਭਾਰਤ ਨੇ ਮੌਜੂਦਾ ਚੈਂਪੀਅਨ ਇੰਗਲੈਂਡ ਨੂੰ 68 ਦੌੜਾਂ ਨਾਲ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ ।

---

## ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਨੀਟ ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਵਿਰੋਧੀ ਧਿਰ ਦੇ ਵਿਰੋਧ ਕਾਰਨ ਲੋਕ ਸਭਾ ਅੱਜ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਜਦਕਿ ਰਾਜ ਸਭਾ ਨੂੰ ਤਿੰਨ ਵਾਰ ਮੁਲਤਵੀ ਕਰਨਾ ਪਿਆ ।
- ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ NEET ਉਮੀਦਵਾਰਾਂ ਨੂੰ ਭਰੋਸਾ ਦਿੱਤਾ ਏ ਕਿ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ ।
- ਫਾਜ਼ਿਲਕਾ ਪੁਲਿਸ ਨੇ ਝਾਰਖੰਡ ਤੋਂ ਚੱਲ ਰਹੇ ਅੰਤਰ-ਰਾਜੀ ਅਫੀਮ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਦੋ ਵੱਡੇ ਨਸ਼ਾ

ਤਸਕਰਾਂ ਨੂੰ ਗ੍ਰਿਫਤਾਰ ਕਰਕੇ ਦਹਾਕੇ ਦੀ ਸਭ ਤੋਂ ਵੱਡੀ ਅਫ਼ੀਮ ਬਰਾਮਦਗੀ ਕੀਤੀ ਏ।

- ਮਰਦਾਂ ਦੇ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਕੱਲ੍ਹ ਬਾਰਬਾ-ਡੋਸ ਵਿੱਚ ਦੱਖਣੀ ਅਫਰੀਕਾ ਨਾਲ।